**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਭਵਨ, ਸੈਕਟਰ-68 ਮੋਹਾਲੀ**

# <u>ਜਨਤਕ ਨੋਟਿਸ</u>

1.0 ਅਧੀਨ ਸੇਵਾਵਾਂ ਚੋਣ ਬੋਰਡ ਵੱਲੋਂ ਇਸ਼ਤਿਹਾਰ ਨੰਬਰ 07/2026 ਰਾਹੀਂ ਜੂਨੀਅਰ ਇੰਜੀਨੀਅਰ (ਸਿਵਲ/ਮਕੈਨੀਕਲ/ਬਿਜਲੀ) ਗਰੁੱਪ-ਬੀ ਦੀਆਂ ਅਸਾਮੀਆਂ ਦੀ ਭਰਤੀ ਲਈ ਹਰ ਪੱਖੋਂ ਯੋਗ ਉਮੀਦਵਾਰਾਂ ਤੋਂ ਆਨਲਾਈਨ ਅਰਜੀਆਂ ਦੀ ਮੰਗ ਕੀਤੀ ਗਈ ਸੀ। ਹੁਣ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ CWP No. 32342 of 2026, Manveer Singh Vs State of Punjab and others ਵਿੱਚ ਮਿਤੀ 08.10.2026 ਨੂੰ ਜਾਰੀ ਹੋਏ ਅੰਤਰਿਮ ਹੁਕਮਾਂ ਦੀ ਪਾਲਣਾ ਕਰਦੇ ਹੋਏ ਇਸ ਇਸ਼ਤਿਹਾਰ ਅਧੀਨ ਜੂਨੀਅਰ ਇੰਜੀਨੀਅਰ (ਸਿਵਲ/ਮਕੈਨੀਕਲ/ਬਿਜਲੀ) ਗਰੁੱਪ-ਬੀ ਦੀਆਂ ਪ੍ਰਕਾਸ਼ਿਤ ਅਸਾਮੀਆਂ ਲਈ ਆਨਲਾਈਨ ਪੋਰਟਲ ਰਾਹੀਂ ਮਿਤੀ 12/10/2026 ਤੋਂ 27/10/2026 ਤੱਕ ਹਰ ਪੱਖੋਂ ਯੋਗ ਉਮੀਦਵਾਰਾਂ ਤੋਂ ਆਨਲਾਈਨ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ। ਇਨ੍ਹਾਂ ਅਸਾਮੀਆਂ ਲਈ ਫੀਸ ਭਰਨ ਦੀ ਆਖਰੀ ਮਿਤੀ 27/10/2026 ਹੈ। ਇਸ਼ਤਿਹਾਰ ਨੰਬਰ 07/2026 ਅਧੀਨ ਜਿਹਨਾਂ ਉਮੀਦਵਾਰਾਂ ਨੇ ਪਹਿਲਾਂ ਹੀ ਅਪਲਾਈ ਕੀਤਾ ਹੈ, ਉਹਨਾਂ ਉਮੀਦਵਾਰਾਂ ਨੂੰ ਮੁੜ ਅਪਲਾਈ ਕਰਨ ਦੀ ਜਰੂਰਤ ਨਹੀਂ ਹੈ।

2.0 ਇਹਨਾਂ ਅਸਾਮੀਆਂ ਲਈ ਮਿਤੀ 18.10.2026 ਨੂੰ ਹੋਣ ਵਾਲੀ ਪ੍ਰੀਖਿਆ ਅਗਲੇਰੀ ਸੂਚਨਾ ਤੱਕ ਮੁਲਤਵੀ ਕੀਤੀ ਜਾਂਦੀ ਹੈ। ਇਸ ਲਿਖਤੀ ਪ੍ਰੀਖਿਆ ਸਬੰਧੀ ਸੂਚਨਾ ਵੱਖਰੇ ਤੌਰ ਤੇ ਬੋਰਡ ਦੀ ਵੈਬਸਾਈਟ ਤੇ ਜਨਤਕ ਨੋਟਿਸ ਰਾਹੀਂ ਦਿੱਤੀ ਜਾਵੇਗੀ।

3.0 ਇਨ੍ਹਾਂ ਅਸਾਮੀਆਂ ਦੀ ਭਰਤੀ ਨਾਲ ਸਬੰਧਤ ਸਮੂਹ ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਅਸਾਮੀਆਂ ਦੀ ਭਰਤੀ ਸਬੰਧੀ ਸਮੇਂ-ਸਮੇਂ ਤੇ ਬੋਰਡ ਦੀ ਵੈਬਸਾਈਟ ਚੈੱਕ ਕਰਦੇ ਰਹਿਣ।

ਸਹੀ/-

ਮਿਤੀ: 09.10.2026

ਸਕੱਤਰ

ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ